15ਵੀਂ ਵਿਧਾਨ ਸਭਾ
ਛੇਵਾਂ ਸਮਾਗਮ

ਪੰਜਾਬ ਵਿਧਾਨ ਸਭਾ
ਬੁਲੇਟਿਨ ਨੰ: 2
**ਸ਼ੁੱਕਰਵਾਰ**, 14 **ਦਸੰਬਰ**, 2018
(10.00 **ਵਜੇ ਸਵੇਰ ਤੋਂ** 04.00 **ਵਜੇ ਬਾਅਦ ਦੁਪਹਿਰ ਤੱਕ**)

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 12 | 05 | 03 | - | 21 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 06

2. **ਮਾਨਯੋਗ ਸਪੀਕਰ ਦੁਆਰਾ ਸਭਾਪਤੀ ਨਾਮਾਵਲੀ ਸਬੰਧੀ ਐਲਾਨ:**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 13 (1) ਅਧੀਨ ਨਿਮਨਲਿਖਤ ਮਾਨਯੋਗ ਮੈਂਬਰਾਂ ਨੂੰ ਸਭਾਪਤੀ ਨਾਮਾਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

1. ਸਰਦਾਰ ਪਰਗਟ ਸਿੰਘ
2. ਸਰਦਾਰ ਪਰਮਿੰਦਰ ਸਿੰਘ ਪਿੰਕੀ
3. ਸ਼੍ਰੀ ਅਮਨ ਅਰੋੜਾ
4. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

3. **ਸਕੱਤਰ ਦੁਆਰਾ ਐਲਾਨ:**

ਸਕੱਤਰ ਵੱਲੋਂ 15ਵੀਂ ਵਿਧਾਨ ਸਭਾ ਦੁਆਰਾ ਇਸ ਦੇ ਚੌਥੇ ਅਤੇ ਪੰਜਵੇਂ ਸਮਾਗਮਾਂ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਸ਼ਟਰਪਤੀ ਜੀ/ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

4. **ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਨਯੋਗ ਸਪੀਕਰ ਵੱਲੋਂ ਸ਼੍ਰੀਮਤੀ ਪਰਨੀਤ ਕੌਰ, ਸਾਬਕਾ ਕੇਂਦਰੀ ਮੰਤਰੀ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

5. **ਧਿਆਨ ਦਿਵਾਊ ਨੋਟਿਸ**

1. **ਸਰਦਾਰ ਲਖਬੀਰ ਸਿੰਘ ਲੋਧੀਨੰਗਲ, ਐਮ.ਐਲ.ਏ ਅਤੇ ਸਰਦਾਰ ਬਿਕਰਮ ਸਿੰਘ ਮਜੀਠੀਆ, ਐਮ.ਐਲ.ਏ** ਵਲੋਂ ਪਿੰਡ ਕੀੜੀ ਅਫਗਾਨਾਂ ਜ਼ਿਲ੍ਹਾ ਗੁਰਦਾਸਪੁਰ ਵਿਖੇ ਸਥਿਤ ਡਿਸਟਿਲਰੀ ਦੁਆਰਾ ਪੈਦਾ ਕੀਤਾ ਜਾ ਰਹੇ ਪ੍ਰਦੂਸ਼ਣ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 2)

ਮਾਲ, ਜਲ ਸਰੋਤ, ਖਾਣਾਂ ਤੇ ਭੂ ਵਿਗਿਆਨ ਮੰਤਰੀ ਨੇ ਜਵਾਬ ਦਿੱਤਾ।

2. **ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਐਮ.ਐਲ.ਏ ਵਲੋਂ** ਟਮਾਟਰ ਉਤਪਾਦਕਾਂ ਨੂੰ ਉਨ੍ਹਾਂ ਦੀਆਂ ਫਸਲਾਂ ਦਾ ਵਾਜਬ ਮੁੱਲ ਪ੍ਰਾਪਤ ਨਾ ਹੋਣ ਕਰਕੇ ਉਨ੍ਹਾਂ ਦੇ ਰੋਸ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 4)

ਪੇਂਡੂ ਵਿਕਾਸ ਅਤੇ ਪੰਚਾਇਤਾਂ ਮੰਤਰੀ ਨੇ ਜਵਾਬ ਦਿੱਤਾ।

3. **ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਐਮ.ਐਲ.ਏ ਅਤੇ ਸਰਦਾਰ ਨਾਜਰ ਸਿੰਘ ਮਾਨਸ਼ਾਹੀਆ ਐਮ.ਐਲ.ਏ ਵਲੋਂ** ਪੰਜਾਬ ਦੀਆਂ ਮੁੱਖ ਸੜਕਾਂ, ਗਲੀਆਂ ਅਤੇ ਖੇਤਾਂ ਵਿੱਚ ਅਵਾਰਾ ਘੁੰਮ ਰਹੇ ਪਸ਼ੂਆਂ ਕਾਰਨ ਲੋਕਾਂ ਦੁਆਰਾ ਸਾਹਮਣਾ ਕੀਤੀ ਜਾ ਰਹੀ ਸਮੱਸਿਆ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 6 ਅਤੇ 14)

ਪਸ਼ੂ ਪਾਲਣ ਮੰਤਰੀ ਨੇ ਜਵਾਬ ਦਿੱਤਾ।

**6.** <u>ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ</u>

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ 14 ਦਸੰਬਰ, 2018 ਨੂੰ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

> "ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਰਿਪੋਰਟ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 01 ਮਿੰਟ |
| 2. | ਸਰਦਾਰ ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 3. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 01 ਮਿੰਟ |
| 4. | ਸ਼੍ਰੀ ਕੰਵਰ ਸੰਧੂ, ਆਮ ਆਦਮੀ ਪਾਰਟੀ | 01 ਮਿੰਟ |
| 5. | ਸ਼੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ | 01 ਮਿੰਟ |

**7.** <u>ਵਾਕ ਆਊਟ</u>

1. ਸਰਦਾਰ ਨਾਜਰ ਸਿੰਘ ਮਾਨਸ਼ਾਹੀਆ, ਸ਼੍ਰੀ ਕੰਵਰ ਸੰਧੂ, ਸਰਦਾਰ ਜਗਤਾਰ ਸਿੰਘ ਜੱਗਾ ਹਿੱਸੋਵਾਲ ਅਤੇ ਸਰਦਾਰ ਜਗਦੇਵ ਸਿੰਘ ਮੈਂਬਰਜ਼ ਨੂੰ ਛੱਡ ਕੇ ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਲੋਕ ਹਿੱਤਾਂ ਦੇ ਵੱਖ ਵੱਖ ਮੁੱਦਿਆਂ ਤੇ ਬੋਲਣ ਲਈ ਢੁਕਵਾਂ ਸਮਾਂ ਨਾ ਦੇਣ ਦੇ ਰੋਸ ਵੱਜੋਂ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

2. ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰ, ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਅਤੇ ਬੀ.ਜੇ.ਪੀ ਦੇ ਹਾਜ਼ਰ ਮੈਂਬਰ ਮੱਧ ਪ੍ਰਦੇਸ਼ ਵਿੱਚ ਸ਼੍ਰੀ ਕਮਲਨਾਥ ਨੂੰ ਮੁੱਖ ਮੰਤਰੀ ਬਣਾਏ ਜਾਣ ਦੇ ਵਿਰੋਧ ਵਜੋਂ ਨਾਅਰੇ ਮਾਰਦੇ ਹੋਏ ਵਾਕ ਆਊਟ ਕਰ ਗਏ।

3. ਸ਼੍ਰੀ ਸੋਮ ਪ੍ਰਕਾਸ਼, ਮੈਂਬਰ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਅਤੇ ਬੀ.ਜੇ.ਪੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਕਾਰਜ ਸਲਾਹਕਾਰ ਕਮੇਟੀ ਦੀ ਰਿਪੋਰਟ ਤੇ ਅਸਹਿਮਤੀ ਪ੍ਰਗਟਾਉਂਦੇ ਹੋਏ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

8. ## ਸਰਕਾਰੀ ਮਤੇ

1. ਕੈਪਟਨ ਅਮਰਿੰਦਰ ਸਿੰਘ, ਮੁੱਖ ਮੰਤਰੀ ਵਲੋਂ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

> "ਜਿਵੇਂ ਕਿ ਪੰਜਾਬ ਸਰਕਾਰ ਵੱਲੋਂ ਸਥਾਨਕ ਸਰਕਾਰ ਅਤੇ ਪੰਚਾਇਤੀ ਰਾਜ ਸੰਸਥਾਵਾਂ ਵਿੱਚ ਮਹਿਲਾਵਾਂ ਲਈ 50% ਸੀਟਾਂ ਰਾਖਵੀਆਂ ਰੱਖੀਆਂ ਗਈਆਂ ਹਨ, ਇਹ ਸਦਨ ਕੇਂਦਰ ਸਰਕਾਰ ਤੋਂ ਇਹ ਪੁਰਜ਼ੋਰ ਮੰਗ ਕਰਦਾ ਹੈ ਕਿ ਉਹ ਮਹਿਲਾਵਾਂ ਵਾਸਤੇ ਲੋਕ ਸਭਾ ਅਤੇ ਵਿਧਾਨ ਸਭਾਵਾਂ ਵਿੱਚ ਇੱਕ ਤਿਹਾਈ ਸੀਟਾਂ ਰਾਖਵੀਆਂ ਕਰਨ ਲਈ ਵੂਮੈਨਜ਼ ਰਿਜ਼ਰਵੇਸ਼ਨ ਬਿੱਲ ਨੂੰ ਛੇਤੀ ਤੋਂ ਛੇਤੀ ਪਾਸ ਕਰਵਾਉਣ।"

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਮਤੇ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ, ਆਮ ਆਦਮੀ ਪਾਰਟੀ | 01 ਮਿੰਟ |
| 2. | ਸ਼੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ | 03 ਮਿੰਟ |
| 3. | ਸ਼੍ਰੀਮਤੀ ਰੁਪਿੰਦਰ ਕੌਰ ਰੂਬੀ, ਆਮ ਆਦਮੀ ਪਾਰਟੀ | 01 ਮਿੰਟ |
| 4. | ਡਾਕਟਰ ਰਾਜ ਕੁਮਾਰ ਚੱਬੇਵਾਲ, ਇੰਡੀਅਨ ਨੈਸ਼ਨਲ ਕਾਂਗਰਸ | 05 ਮਿੰਟ |
| 5. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 01 ਮਿੰਟ |
| 6. | ਸ਼੍ਰੀ ਤਰਸੇਮ ਸਿੰਘ ਡੀ.ਸੀ, ਇੰਡੀਅਨ ਨੈਸ਼ਨਲ ਕਾਂਗਰਸ | 03 ਮਿੰਟ |
| 7. | ਸ਼੍ਰੀਮਤੀ ਸਤਕਾਰ ਕੌਰ, ਇੰਡੀਅਨ ਨੈਸ਼ਨਲ ਕਾਂਗਰਸ | 01 ਮਿੰਟ |

ਮਤਾ ਪੇਸ਼ ਕਰਦੇ ਹੋਏ ਮੁੱਖ ਮੰਤਰੀ 02 ਮਿੰਟ ਲਈ ਬੋਲੇ।

2. ਕੈਪਟਨ ਅਮਰਿੰਦਰ ਸਿੰਘ, ਮੁੱਖ ਮੰਤਰੀ ਵਲੋਂ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਗਿਆ ਅਤੇ ਸੋਧ ਅਨੁਸਾਰ ਪ੍ਰਵਾਨ ਹੋਇਆ:

> "ਇਹ ਸਦਨ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਕਰਤਾਰਪੁਰ ਲਾਂਘਾ ਖੋਲ੍ਹਣ ਲਈ ਕੀਤੇ ਗਏ ਯਤਨਾਂ ਦੀ ਸ਼ਲਾਘਾ ਕਰਦਾ ਹੈ ਅਤੇ ਕੇਂਦਰ ਸਰਕਾਰ ਤੋਂ ਇਹ ਪੁਰਜ਼ੋਰ ਮੰਗ ਕਰਦਾ ਹੈ ਕਿ ਇਸ ਲਾਂਘੇ ਨੂੰ ਖੋਲ੍ਹਣ ਸਬੰਧੀ ਕੀਤੇ ਜਾਣ ਵਾਲੇ ਕੰਮਾਂ ਨੂੰ ਪੰਜਾਬੀਆਂ ਦੀ ਚਰੋਕਣੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ, ਸ੍ਰੀ ਗੁਰੂ ਨਾਨਕ ਦੇਵ ਜੀ ਦੇ ਨਵੰਬਰ, 2019 ਵਿੱਚ ਮਨਾਏ ਜਾ ਰਹੇ 550ਵੇਂ ਜਨਮ ਵਰ੍ਹੇਗੰਢ ਸਮਾਗਮਾਂ ਤੋਂ ਪਹਿਲਾਂ ਇਹ ਸੁਨਿਸ਼ਚਿਤ ਕਰਦੇ ਹੋਏ ਪੂਰਾ ਕੀਤਾ ਜਾਵੇ ਕਿ ਇਸ ਨਾਲ ਪੰਜਾਬ ਵਿਚ ਬੜੀਆਂ ਮੁਸ਼ਕਲਾਂ ਉਪਰੰਤ ਸਥਾਪਿਤ ਸ਼ਾਂਤੀ (hard earned peace) ਕਿਸੇ ਤਰੀਕੇ ਨਾਲ ਭੰਗ ਨਾ ਕੀਤੀ ਜਾ ਸਕੇ। ਇਸ ਦੇ ਨਾਲ ਹੀ ਇਹ ਸਦਨ ਪੰਜਾਬ ਸਰਕਾਰ ਨੂੰ ਇਹ ਵੀ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਉਹ ਕੇਂਦਰ ਸਰਕਾਰ ਤੱਕ ਪਹੁੰਚ ਕਰੇ ਕਿ ਕਰਤਾਰਪੁਰ ਗੁਰੂ ਘਰ ਦੀ ਸਾਰੀ ਜ਼ਮੀਨ ਦੇ ਬਦਲੇ ਪਾਕਿਸਤਾਨ ਨੂੰ ਭਾਰਤ ਵਿਚੋਂ ਉਨੀ ਜ਼ਮੀਨ ਦੇ ਕੇ ਜ਼ਮੀਨ ਦਾ ਤਬਾਦਲਾ ਕਰ ਲਿਆ ਜਾਵੇ।"

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਮਤੇ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 07 ਮਿੰਟ |
| 2. | ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਸਹਿਕਾਰਤਾ ਮੰਤਰੀ | 05 ਮਿੰਟ |
| 3. | ਡਾਕਟਰ ਰਾਜ ਕੁਮਾਰ ਵੇਰਕਾ, ਇੰਡੀਅਨ ਨੈਸ਼ਨਲ ਕਾਂਗਰਸ | 06 ਮਿੰਟ |
| 4. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 04 ਮਿੰਟ |
| 5. | ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 03 ਮਿੰਟ |
| 6. | ਸਰਦਾਰ ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਅਕਾਲੀ ਦਲ | 06 ਮਿੰਟ |
| 7. | ਸ਼੍ਰੀ ਕੰਵਰ ਸੰਧੂ, ਆਮ ਆਦਮੀ ਪਾਰਟੀ | 04 ਮਿੰਟ |
| 8. | ਸ਼੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ | 05 ਮਿੰਟ |
| 9. | ਸਰਦਾਰ ਅਮਰਜੀਤ ਸਿੰਘ ਸੰਦੋਆ, ਆਮ ਆਦਮੀ ਪਾਰਟੀ | 01 ਮਿੰਟ |

10 ਸਰਦਾਰ ਹਰਮਿੰਦਰ ਸਿੰਘ ਗਿੱਲ, ਇੰਡੀਅਨ ਨੈਸ਼ਨਲ ਕਾਂਗਰਸ 07 ਮਿੰਟ
11. ਪ੍ਰੋਫੈਸਰ ਬਲਜਿੰਦਰ ਕੌਰ, ਆਮ ਆਦਮੀ ਪਾਰਟੀ 02 ਮਿੰਟ
12. ਸਰਦਾਰ ਬਿਕਰਮ ਸਿੰਘ ਮਜੀਠੀਆ, ਸ਼੍ਰੋਮਣੀ ਅਕਾਲੀ ਦਲ 05 ਮਿੰਟ

ਮਤਾ ਪੇਸ਼ ਕਰਦੇ ਹੋਏ ਮੁੱਖ ਮੰਤਰੀ 13 ਮਿੰਟ ਲਈ ਬੋਲੇ।

9. <u>ਨਿਯਮ 16 ਅਧੀਨ ਪ੍ਰਸਤਾਵ</u>

ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ:

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।"

10. <u>ਰਿਪੋਰਟਾਂ ਪੇਸ਼ ਕਰਨਾ</u>

1. ਵਿਸ਼ੇਸ਼ ਅਧਿਕਾਰ ਕਮੇਟੀ ਦੇ ਮੈਂਬਰ ਸਰਦਾਰ ਪਰਗਟ ਸਿੰਘ ਨੇ ਵਿਸ਼ੇਸ਼ ਅਧਿਕਾਰ ਦੇ ਉਠਾਏ ਗਏ ਮਾਮਲਿਆਂ ਸੰਬੰਧੀ ਨਿਮਨਲਿਖਤ ਪਹਿਲੀ/ਦੂਜੀ/ਤੀਜੀ ਅੰਤ੍ਰਿਮ ਰਿਪੋਰਟਾਂ ਪੇਸ਼ ਕੀਤੀਆਂ:

I) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵਲੋਂ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਰੁੱਧ;

II) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵਲੋਂ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

III) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵਲੋਂ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

IV) ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ., ਵਲੋਂ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ. ਦੇ ਵਿਰੁੱਧ;

V) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵਲੋ ਸ਼੍ਰੀ ਪਵਨ ਕੁਮਾਰ ਟੀਨੂ, ਐਮ.ਐਲ.ਏ. ਦੇ ਵਿਰੁੱਧ; ਅਤੇ

VI) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵਲੋਂ ਸਰਦਾਰ ਸੁਖਬੀਰ ਸਿੰਘ ਬਾਦਲ, ਐਮ.ਐਲ.ਏ. ਦੇ ਵਿਰੁੱਧ।

11. <u>ਮੇਜ਼ ਤੇ ਮੁੜ ਰੱਖੇ ਜਾਣ ਵਾਲੇ/ ਰੱਖੇ ਜਾਣ ਵਾਲੇ ਕਾਗਜ਼-ਪੱਤਰ</u>

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: VII ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 15 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

12. <u>ਵਿਧਾਨਕ ਕੰਮ-ਕਾਰ</u>

1. <u>ਪੰਜਾਬ ਪੰਚਾਇਤੀ ਰਾਜ (ਸੋਧਨਾ) ਬਿਲ, 2018</u>

ਪੇਂਡੂ ਵਿਕਾਸ ਤੇ ਪੰਚਾਇਤਾਂ ਮੰਤਰੀ ਨੇ ਪੰਜਾਬ ਪੰਚਾਇਤੀ ਰਾਜ (ਸੋਧਨਾ) ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

1. ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ, ਆਮ ਆਦਮੀ ਪਾਰਟੀ 04 ਮਿੰਟ
2. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ 02 ਮਿੰਟ
3. ਸਰਦਾਰ ਬਰਿੰਦਰਮੀਤ ਸਿੰਘ ਪਾਹੜਾ, ਇੰਡੀਅਨ ਨੈਸ਼ਨਲ ਕਾਂਗਰਸ 03 ਮਿੰਟ
4. ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ 02 ਮਿੰਟ
5. ਸਰਦਾਰ ਕੁਲਜੀਤ ਸਿੰਘ ਨਾਗਰਾ, ਇੰਡੀਅਨ ਨੈਸ਼ਨਲ ਕਾਂਗਰਸ 05 ਮਿੰਟ

6. ਸਰਦਾਰ ਅਮਰਜੀਤ ਸਿੰਘ ਸੰਦੋਆ, ਆਮ ਆਦਮੀ ਪਾਰਟੀ 01 ਮਿੰਟ
7. ਸ੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ 03 ਮਿੰਟ
8. ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ 04 ਮਿੰਟ
9. ਸਰਦਾਰ ਜੈ ਕ੍ਰਿਸ਼ਨ ਸਿੰਘ ਰੋੜੀ, ਆਮ ਆਦਮੀ ਪਾਰਟੀ 02 ਮਿੰਟ
10. ਸ੍ਰੀ ਬੁੱਧ ਰਾਮ, ਆਮ ਆਦਮੀ ਪਾਰਟੀ 04 ਮਿੰਟ
11. ਸਰਦਾਰ ਜਗਦੇਵ ਸਿੰਘ, ਆਮ ਆਦਮੀ ਪਾਰਟੀ 01 ਮਿੰਟ
12. ਸਰਦਾਰ ਬਿਕਰਮ ਸਿੰਘ ਮਜੀਠੀਆ, ਸ਼੍ਰੋਮਣੀ ਅਕਾਲੀ ਦਲ 12 ਮਿੰਟ
13. ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਸਹਿਕਾਰਤਾ ਮੰਤਰੀ 01 ਮਿੰਟ

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 4 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਪੇਂਡੂ ਵਿਕਾਸ ਤੇ ਪੰਚਾਇਤਾਂ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਪੰਜਾਬ ਪੰਚਾਇਤੀ ਰਾਜ (ਸੋਧਨਾ) ਬਿਲ, 2018 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਪੇਂਡੂ ਵਿਕਾਸ ਤੇ ਪੰਚਾਇਤਾਂ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 10 ਮਿੰਟ ਲਈ ਬੋਲੇ।

2. <u>ਪੰਜਾਬ ਪਸ਼ੂ ਖਾਦ, ਖਾਲਸ ਅਤੇ ਖਣਿਜ ਮਿਸ਼ਰਣ ਵਿਨਿਯਮਨ ਬਿਲ, 2018</u>

ਪਸ਼ੂ ਪਾਲਣ, ਡੇਅਰੀ ਵਿਕਾਸ ਮੰਤਰੀ ਨੇ ਪੰਜਾਬ ਪਸ਼ੂ ਖਾਦ, ਖਾਲਸ ਅਤੇ ਖਣਿਜ ਮਿਸ਼ਰਣ ਵਿਨਿਯਮਨ ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

1. ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ 02 ਮਿੰਟ
2. ਸ੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ 02 ਮਿੰਟ

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 14 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਪ੍ਰਵਾਨ ਹੋਏ।

ਪਸ਼ੂ ਪਾਲਣ, ਡੇਅਰੀ ਵਿਕਾਸ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਪੰਜਾਬ ਪਸ਼ੂ ਖਾਦ, ਖਾਲਸ ਅਤੇ ਖਣਿਜ ਮਿਸ਼ਰਣ ਵਿਨਿਯਮਨ ਬਿਲ, 2018 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸਰਦਾਰ ਬਲਬੀਰ ਸਿੰਘ ਸਿੱਧੂ, ਪਸ਼ੂ ਪਾਲਣ, ਡੇਅਰੀ ਵਿਕਾਸ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 01 ਮਿੰਟ ਲਈ ਬੋਲੇ।

3. <u>ਪੰਜਾਬ ਦੇ ਕੈਦੀਆਂ ਦੇ ਚੰਗੇ ਆਚਰਣ (ਆਰਜ਼ੀ ਰਿਹਾਈ) ਸੋਧਨਾ ਬਿਲ, 2018</u>

ਜੇਲ੍ਹਾਂ ਮੰਤਰੀ ਨੇ ਪੰਜਾਬ ਦੇ ਕੈਦੀਆਂ ਦੇ ਚੰਗੇ ਆਚਰਣ (ਆਰਜ਼ੀ ਰਿਹਾਈ) ਸੋਧਨਾ ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

1. ਸ੍ਰੀਮਤੀ ਸਰਵਜੀਤ ਕੌਰ ਮਾਣੂਕੇ, ਆਮ ਆਦਮੀ ਪਾਰਟੀ 01 ਮਿੰਟ
2. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ 01 ਮਿੰਟ

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਜੇਲ੍ਹਾਂ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਦੇ ਕੈਦੀਆਂ ਦੇ ਚੰਗੇ ਆਚਰਣ (ਆਰਜ਼ੀ ਰਿਹਾਈ) ਸੋਧਨਾ ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

4. **ਪੰਜਾਬ ਵਸਤੂਆਂ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2018**

ਵਿੱਤ ਤੇ ਯੋਜਨਾ ਮੰਤਰੀ ਨੇ ਪੰਜਾਬ ਵਸਤੂਆਂ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 01 ਮਿੰਟ |
| 2. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 04 ਮਿੰਟ |
| 3. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 08 ਮਿੰਟ |
| 4. | ਸ਼੍ਰੀ ਕੰਵਰ ਸੰਧੂ, ਆਮ ਆਦਮੀ ਪਾਰਟੀ | 02 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 32 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਤੇ ਯੋਜਨਾ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਵਸਤੂਆਂ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਤੇ ਯੋਜਨਾ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 09 ਮਿੰਟ ਲਈ ਬੋਲੇ।

5. **ਪੰਜਾਬ ਜਲ ਸਰੋਤ (ਪ੍ਰਬੰਧਨ ਅਤੇ ਵਿਨਿਯਮਨ) ਬਿਲ, 2018**

ਜਲ ਸਰੋਤ, ਖਾਣਾਂ ਤੇ ਭੂ-ਵਿਗਿਆਨ ਮੰਤਰੀ ਵਲੋਂ ਪੰਜਾਬ ਜਲ ਸਰੋਤ (ਪ੍ਰਬੰਧਨ ਅਤੇ ਵਿਨਿਯਮਨ) ਬਿਲ, 2018 ਵਾਪਸ ਲੈ ਲਿਆ ਗਿਆ।

13. **ਸਦਨ ਦੀ ਕਮੇਟੀ ਦੀ ਰਿਪੋਰਟ ਪੇਸ਼ ਕਰਨਾ**

ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਸਹਿਕਾਰਤਾ ਮੰਤਰੀ ਨੇ ਜਸਟਿਸ ਰਣਜੀਤ ਸਿੰਘ (ਰਿਟਾਇਰਡ) ਕਮਿਸ਼ਨ ਦੀ ਰਿਪੋਰਟ ਤੇ ਕੀਤੀ ਗਈ ਕਾਰਵਾਈ ਤੇ ਬਹਿਸ ਦੌਰਾਨ ਸਦਨ ਵਿੱਚ ਲਾਏ ਗਏ ਦੋਸ਼ਾਂ ਦੀ ਜਾਂਚ ਕਰਨ ਲਈ ਗਠਿਤ ਸਦਨ ਦੀ ਕਮੇਟੀ ਦੀ ਰਿਪੋਰਟ ਪੇਸ਼ ਕੀਤੀ।

14. **ਸਦਨ ਦਾ ਸਮਾਂ ਵਧਾਉਣਾ**

ਮਾਨਯੋਗ ਡਿਪਟੀ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਦੀ ਬੈਠਕ ਦਾ ਸਮਾਂ ਅੱਜ ਦੀ ਕਾਰਜਸੂਚੀ ਵਿੱਚ ਦਰਸਾਏ ਬਿਜ਼ਨਸ ਦੇ ਖਤਮ ਹੋਣ ਤੱਕ ਵਧਾਇਆ ਗਿਆ।

ਮਾਨਯੋਗ ਡਿਪਟੀ ਸਪੀਕਰ ਨੇ 2.21 ਵਜੇ ਬਾਅਦ ਦੁਪਹਿਰ ਤੋਂ 2.50 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

17/1/22

Principal Chief Reporter
Punjab Vidhan Sabha
Chandigrah

ਚੰਡੀਗੜ੍ਹ
14 ਦਸੰਬਰ, 2018

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।

..............